# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 27-06-2025**

ਭਾਰਤ ਨੇ 2020 ਤੋਂ ਬਾਅਦ ਸਰਹੱਦ ਸਬੰਧੀ ਅੜਿੱਕੇ ਅਤੇ ਆਪਸੀ ਬੇ-ਭਰੋਸਗੀ ਦੂਰ ਕਰਨ ਲਈ, ਚੀਨ ਨਾਲ ਸਰਹੱਦੀ ਹੱਦਬੰਦੀ ਦੇ ਸਥਾਈ ਹੱਲ 'ਤੇ ਜ਼ੋਰ ਦਿੱਤਾ ਏ। ਭਾਰਤ-ਚੀਨ ਸਰਹੱਦ 'ਤੇ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਦੀ ਲੋੜ 'ਤੇ ਜ਼ੋਰ ਦਿੰਦਿਆਂ, ਭਾਰਤ ਨੇ ਆਪਸੀ ਮਤਭੇਦਾਂ ਨੂੰ ਘਟਾ ਕੇ ਸਰਹੱਦੀ ਵਿਵਾਦ ਦੇ ਹੱਲ ਲੱਭਣ ਦਾ ਸੱਦਾ ਦਿੱਤਾ ਏ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਚੀਨ ਵਿਚ ਸ਼ੰਘਾਈ ਸਹਿਯੋਗ ਸੰਗਠਨ, SCO ਦੇ ਰੱਖਿਆ ਮੰਤਰੀਆਂ ਦੀ ਮੀਟਿੰਗ ਤੋਂ ਇਲਾਵਾ ਚੀਨੀ ਰੱਖਿਆ ਮੰਤਰੀ ਐਡਮਿਰਲ ਡੋਂਗ ਜੁਨ ਨਾਲ ਮੁਲਾਕਾਤ ਕੀਤੀ। ਸ੍ਰੀ ਸਿੰਘ ਨੇ ਆਪਸੀ ਸਬੰਧਾਂ ਨੂੰ ਆਮ ਵਾਂਗ ਬਣਾਉਣ ਲਈ ਦੋਵਾਂ ਦੇਸ਼ਾਂ ਦੇ ਯਤਨਾਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਅਜਿਹਾ ਕਰਨਾ ਦੋਵਾਂ ਦੇਸ਼ਾਂ ਲਈ ਆਪਸੀ ਤੌਰ 'ਤੇ ਲਾਭਦਾਇਕ ਹੋਵੇਗਾ ਤੇ ਏਸ਼ੀਆ ਤੇ

ਦੁਨੀਆ ਵਿਚ ਸਥਿਰਤਾ ਲਿਆਉਣ ਵਿਚ ਵੀ ਮਦਦ ਕਰੇਗਾ। ਮੀਟਿੰਗ ਵਿਚ, ਸ਼੍ਰੀ ਸਿੰਘ ਨੇ ਸ਼੍ਰੀ ਜੁਨ ਨੂੰ ਹਾਲ ਹੀ ਵਿਚ ਹੋਏ ਪਹਿਲਗਾਮ ਦਹਿਸ਼ਤਗਰਦੀ ਹਮਲੇ ਅਤੇ ਪਾਕਿਸਤਾਨ ਸਥਿਤ ਦਹਿਸ਼ਤਗਰਦ ਨੈੱਟਵਰਕਾਂ ਨੂੰ ਖਤਮ ਕਰਨ ਲਈ, ਭਾਰਤ ਦੇ ਆਪ੍ਰੇਸ਼ਨ ਸਿੰਦੂਰ ਬਾਰੇ ਵੀ ਜਾਣਕਾਰੀ ਦਿੱਤੀ।

--------------------------------------------------------

------ਪੰਜਾਬ ਸਰਕਾਰ ਨੇ ਸੂਬੇ ਵਿਚ ਨਸ਼ਿਆਂ ਦੇ ਖ਼ਤਰੇ ਨਾਲ ਨਜਿੱਠਣ ਲਈ ਡੇਟਾ ਇੰਟੈਲੀਜੈਂਸ ਅਤੇ ਤਕਨੀਕੀ ਸਹਾਇਤਾ ਯੂਨਿਟ ਸਥਾਪਤ ਕਰਨ ਲਈ, ਸਮਝੌਤਾ ਪੱਤਰ (ਐਮਓਯੂ) 'ਤੇ ਦਸਤਖ਼ਤ ਕੀਤੇ ਨੇ। ਇਹ ਇਕਾਈ ਮਾਨਸਿਕ-ਸਮਾਜਿਕ ਦੇਖਭਾਲ ਦਾ ਵਿਆਪਕ ਮਾਡਲ ਸਥਾਪਤ ਕਰੇਗੀ ਅਤੇ ਮੁੜ ਵਸੇਬਾ ਚੁਣੌਤੀਆਂ ਨਾਲ ਨਜਿੱਠਣ ਲਈ ਅਸਰਦਾਰ ਤਰੀਕੇ ਵਿਕਸਤ ਕਰਨ ਦੇ ਨਾਲ-ਨਾਲ ਲਾਗੂ ਕਰਨ ਵਿਚ ਮਦਦ ਕਰੇਗੀ। ਇਹ ਮਾਡਲ, ਮੈਡੀਕਲ ਅਫਸਰਾਂ, ਮਨੋਵਿਗਿਆਨੀਆਂ, ਪੁਲਿਸ ਮੁਲਾਜ਼ਮਾਂ ਅਤੇ ਮੋਹਰੀ ਸਫਾਂ ਵਿਚ ਕੰਮ ਕਰ ਰਹੇ ਸਿਹਤ ਕਰਮਚਾਰੀਆਂ ਦੀ ਸਮਰੱਥਾ ਨੂੰ ਵਧਾਏਗਾ।

ਇਹ ਸਮਝੌਤਾ ਪੰਜਾਬ ਸਰਕਾਰ ਅਤੇ ਡਾ. ਬੀ.ਆਰ. ਅੰਬੇਡਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਮੋਹਾਲੀ ਅਤੇ ਵਿਦਿਆਸਾਗਰ ਇੰਸਟੀਚਿਊਟ ਆਫ਼ ਮੈਂਟਲ ਹੈਲਥ ਅੰਮ੍ਰਿਤਸਰ ਦਰਮਿਆਨ, ਅਨੰਨਿਆ ਬਿਰਲਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਕੀਤਾ ਗਿਆ। ਏਮਜ਼ ਦੇ ਨੈਸ਼ਨਲ ਡਰੱਗ ਟ੍ਰੀਟਮੈਂਟ ਸੈਂਟਰ, ਆਈ.ਆਈ.ਟੀ. ਰੋਪੜ, ਟਾਟਾ ਇੰਸਟੀਚਿਊਟ ਆਫ਼ ਸੋਸ਼ਲ ਸਾਇੰਸਿਜ਼ ਮੁੰਬਈ ਅਤੇ ਪੀਜੀਆਈ ਚੰਡੀਗੜ੍ਹ ਵਰਗੇ ਸਿਹਤ ਸੰਭਾਲ ਅਦਾਰਿਆਂ ਦੇ ਮਾਹਿਰ ਸਮੇਂ-ਸਮੇਂ ਉੱਤੇ ਸਹਾਇਤਾ ਪ੍ਰਦਾਨ ਕਰਨਗੇ।

------------------------------------------------------------------------------------ਕੁਲ ਹਿੰਦ ਕਾਂਗਰਸ ਕਮੇਟੀ ਨੇ ਪੰਜਾਬ ਦੇ 3 ਸੀਨੀਅਰ ਆਗੂਆਂ ਦੇ ਪਾਰਟੀ ਅਹੁਦਿਆਂ ਤੋਂ ਅਸਤੀਫ਼ੇ ਪ੍ਰਵਾਨ ਕਰ ਲਏ ਨੇ। ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਭਾਰਤ ਭੂਸ਼ਣ ਆਸ਼ੂ, ਮੀਤ ਪ੍ਰਧਾਨ ਪਰਗਟ ਸਿੰਘ ਅਤੇ ਕੁਸ਼ਲਦੀਪ ਸਿੰਘ ਢਿੱਲੋਂ ਨੇ ਲੁਧਿਆਣਾ ਵਿਧਾਨ ਸਭਾ ਜਿਮਨੀ ਚੋਣ ਦੇ ਨਤੀਜੇ ਦੇ ਐਲਾਨ ਤੋਂ ਬਾਅਦ ਆਪਣੇ ਅਸਤੀਫੇ ਦੇ ਦਿੱਤੇ ਸਨ, ਇਸ ਚੋਣ ਵਿਚ ਕਾਂਗਰਸ ਦੇ ਉਮੀਦਵਾਰ

ਭਾਰਤ ਭੂਸ਼ਣ ਆਸ਼ੂ, ਆਮ ਆਦਮੀ ਪਾਰਟੀ ਦੇ ਉਮੀਦਵਾਰ ਤੋਂ ਹਾਰ ਗਏ ਸਨ। ਅਸਤੀਫੇ ਪ੍ਰਵਾਨ ਕਰਨ ਸਬੰਧੀ ਜਾਣਕਾਰੀ ਕੱਲ੍ਹ ਸ਼ਾਮ ਕੁਲ ਹਿੰਦ ਕਾਂਗਰਸ ਕਮੇਟੀ (ਏ.ਆਈ.ਸੀ.ਸੀ.) ਦੇ ਜਨਰਲ ਸਕੱਤਰ ਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਨੇ ਸਾਂਝੀ ਕੀਤੀ ਏ।

------------------------------------------------------------

------ਪਠਾਨਕੋਟ ਦੀ ਗੁਲਾਬ-ਖੁਸ਼ਬੂਦਾਰ ਲੀਚੀ ਦੀ ਇਕ ਟਨ ਦੀ ਖੇਪ ਦੋਹਾ, ਕਤਰ ਭੇਜੀ ਗਈ ਏ। ਇਸ ਤੋਂ ਇਲਾਵਾ, ਪਠਾਨਕੋਟ ਤੋਂ ਅੱਧਾ ਟਨ ਲੀਚੀ ਯੂਏਈ ਦੇ ਦੁਬਈ ਨੂੰ ਵੀ ਬਰਾਮਦ ਕੀਤੀ ਗਈ, ਜਿਹੜੀ ਕਿ ਦੋਹਰੀ ਪ੍ਰਾਪਤੀ ਏ ਅਤੇ ਦੁਨੀਆ ਦੇ ਤਾਜ਼ੇ ਫਲ ਬਾਜ਼ਾਰਾਂ ਵਿਚ ਭਾਰਤ ਦੀ ਸੰਭਾਵਨਾ ਨੂੰ ਮਜ਼ਬੂਤ ਕਰਦੀ ਏ। ਸੂਤਰਾਂ ਅਨੁਸਾਰ ਇਹ ਕਾਰਜ ਏਪੀਈਡੀਏ ਵੱਲੋਂ ਪੰਜਾਬ ਸਰਕਾਰ ਦੇ ਬਾਗਬਾਨੀ ਵਿਭਾਗ ਅਤੇ ਸੁਜਾਨਪੁਰ ਦੇ ਅਗਾਂਹਵਧੂ ਕਿਸਾਨ ਪ੍ਰਭਾਤ ਸਿੰਘ ਦੇ ਸਹਿਯੋਗ ਨਾਲ ਕੀਤਾ ਗਿਆ ਏ। ਇਸ ਖੇਪ ਨੂੰ ਕੇਂਦਰ ਸਰਕਾਰ ਦੇ ਵਣਜ ਅਤੇ ਉਦਯੋਗ ਮੰਤਰਾਲੇ ਅਧੀਨ ਖੇਤੀਬਾੜੀ ਤੇ ਪ੍ਰੋਸੈਸਡ ਫੂਡ ਪ੍ਰੋਡਕਟਸ ਐਕਸਪੋਰਟ ਡਿਵੈਲਪਮੈਂਟ ਅਥਾਰਟੀ ਨੇ ਪੰਜਾਬ ਸਰਕਾਰ

ਦੇ ਬਾਗਬਾਨੀ ਵਿਭਾਗ ਦੇ ਸਹਿਯੋਗ ਨਾਲ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

-----------------------------------------------------------

------ਜਲੰਧਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਮਾਲ ਵਿਭਾਗ ਦੇ ਅਫ਼ਸਰਾਂ ਨੂੰ ਹਦਾਇਤ ਕੀਤੀ ਏ ਕਿ ਆਮ ਲੋਕਾਂ ਨੂੰ ਮਾਲ ਵਿਭਾਗ ਨਾਲ ਸਬੰਧਤ ਸੇਵਾਵਾਂ, ਤੈਅ ਸਮਾਂ-ਹੱਦ ਵਿਚ ਮੁਹੱਈਆ ਕਰਵਾਈਆਂ ਜਾਣ। ਜ਼ਿਲ੍ਹੇ ਦੇ ਪ੍ਰਬੰਧਕੀ ਕੰਪਲੈਕਸ ਵਿਚ ਮਾਲ ਵਿਭਾਗ ਦੇ ਅਫ਼ਸਰਾਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਜੈਨ ਨੇ ’ਮੇਰਾ ਘਰ ਮੇਰੇ ਨਾਮ’, ਖਸਰਾ ਮੈਪਿੰਗ, ਰਿਕਵਰੀ ਕੇਸਾਂ, ਇੰਤਕਾਲ, ਈ-ਸੇਵਾ ਪੈਂਡੈਂਸੀ, ਜਮ੍ਹਾਬੰਦੀਆਂ ਦੀ ਡਿਜੀਟਾਈਜ਼ੇਸ਼ਨ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਜਲੰਧਰ ਜ਼ਿਲ੍ਹੇ ਵਿਚ ‘ਈਜ਼ੀ ਰਜਿਸਟ੍ਰੇਸ਼ਨ ਪ੍ਰਣਾਲੀ’ ਸ਼ੁਰੂ ਕਰਨ ਸਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਸਟਾਫ਼ ਦੀ ਢੁੱਕਵੀਂ ਟ੍ਰੇਨਿੰਗ, ਜ਼ਰੂਰੀ ਸਾਜੋ-ਸਮਾਨ ਆਦਿ ਦੀ ਉਪਲਬਧਤਾ ’ਤੇ ਜ਼ੋਰ ਦਿੱਤਾ।

---------------------------------------------------------------------

------ਪੰਜਾਬ ਵਿਚ ਬੀਤੇ ਕੱਲ੍ਹ ਪਏ ਮੀਂਹ ਨੇ ਕਿਸਾਨਾਂ ਨੂੰ ਖਾਸ ਰਾਹਤ ਦਿੱਤੀ ਏ, ਖਾਸਕਰ ਮਾਲਵਾ ਖੇਤਰ ਦੇ ਸਾਰੇ ਜ਼ਿਲ੍ਹਿਆਂ ਦੇ ਕਿਸਾਨਾਂ ਨੇ ਚੰਗੀ ਪ੍ਰਤੀਕਿਰਿਆ ਦਿੱਤੀ ਏ। ਮਾਨਸਾ ਜ਼ਿਲ੍ਹੇ ਦੇ ਕਿਸਾਨਾਂ ਨੇ ਸਾਡੇ ਪੱਤਰਕਾਰ ਨਾਲ ਗੱਲਬਾਤ ਦੌਰਾਨ ਦਸਿੱਆ ਏ ਕਿ ਮੀਂਹ ਨਾ ਪੈਣ ਕਾਰਨ ਉਹ ਝੋਨਾ ਲਾਉਣ ਤੋਂ ਰੁਕ ਗਏ ਸਨ ਪਰ ਹੁਣ ਮੀਂਹ ਪੈਣ ਪਿੱਛੋਂ ਮੁੜ ਖੇਤਾਂ ਵਿਚ ਕੱਦੂ ਕਰਨਾ ਸ਼ੁਰੂ ਕਰ ਦਿੱਤਾ ਏ। ਇਸ ਦੌਰਾਨ ਲਗਾਤਾਰ ਬਿਜਲੀ ਸਪਲਾਈ ਮਿਲਣ ਕਰ ਕੇ ਹੋਰ ਆਸਾਨੀ ਹੋ ਗਈ ਏ। ਓਧਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਮਹਿਰਾਂ ਨੇ ਇਸ ਮੀਂਹ ਨੂੰ ਸਾਉਣੀ ਰੁੱਤ ਦੀਆਂ ਸਾਰੀਆਂ ਫ਼ਸਲਾਂ ਲਈ ਫਾਇਦੇਮੰਦ ਕਰਾਰ ਦਿੱਤਾ ਏ।